# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 30-05-2025**

- ਸਰਵਉੱਚ ਅਦਾਲਤ ਨੇ NEET - PG 2025 ਦੀ ਪ੍ਰੀਖਿਆ ਇੱਕੋ ਸ਼ਿਫਟ ਵਿੱਚ ਕਰਵਾਉਣ ਦੇ ਦਿੱਤੇ ਨਿਰਦੇਸ਼ ।
- 17 ਮਹਿਲਾ ਕੈਡਿਟਾਂ ਦੇ ਪਹਿਲੇ ਬੈਚ ਨੇ ਅੱਜ ਰਾਸ਼ਟਰੀ ਰੱਖਿਆ ਅਕਾਦਮੀ ਤੋਂ ਕਮਿਸ਼ਨ ਹਾਸਿਲ ਕਰਕੇ ਰਚਿਆ ਇਤਿਹਾਸ।
- ਸ੍ਰੀ ਮੁਕਤਸਰ ਸਾਹਿਬ ਵਿੱਚ ਬੀਤੀ ਰਾਤ ਇੱਕ ਪਟਾਕਿਆਂ ਦੀ ਫੈਕਟਰੀ ਵਿੱਚ ਧਮਾਕਾ ਹੋਣ ਕਾਰਨ 5 ਵਿਅਕਤੀਆਂ ਦੀ ਮੌਤ, 34 ਜ਼ਖਮੀ - ਕੁਝ ਨੂੰ ਹਸਪਤਾਲ ਤੋਂ ਮਿਲੀ ਛੁੱਟੀ।
- ਪੰਜਾਬ ਵਿਚ "ਆਪ੍ਰੇਸ਼ਨ ਸ਼ੀਲਡ" ਤਹਿਤ ਮੌਕ ਡਰਿੱਲ ਭਲਕੇ ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 5ਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਭਾਵ ਨਾਲ ਮਨਾਇਆ ਗਿਆ।

- IPL ਕ੍ਰਿਕਟ 'ਚ ਅੱਜ, ਐਲੀਮੀਨੇਟਰ ਮੈਚ ਵਿੱਚ, ਗੁਜਰਾਤ ਟਾਈਟਨਸ ਦਾ ਮੁਕਾਬਲਾ ਮੁੰਬਈ ਇੰਡੀਅਨਜ਼ ਨਾਲ ਹੋਵੇਗਾ।

---------------------------------------------------------

ਸਰਵਉੱਚ ਅਦਾਲਤ ਨੇ ਅੱਜ ਨਿਰਦੇਸ਼ ਦਿੱਤਾ ਏ ਕਿ 15 ਜੂਨ ਨੂੰ ਹੋਣ ਵਾਲੀ ਕੌਮੀ ਪੋਸਟ ਗ੍ਰੈਜੂਏਟ ਯੋਗਤਾ ਤੇ ਦਾਖਲਾ ਪ੍ਰੀਖਿਆ (NEET-PG) ਦੋ ਸ਼ਿਫਟਾਂ ਦੀ ਬਜਾਏ ਇੱਕ ਸ਼ਿਫਟ ਵਿੱਚ ਕਰਵਾਈ ਜਾਵੇ। ਜਸਟਿਸ ਵਿਕਰਮ ਨਾਥ ਦੀ ਅਗਵਾਈ ਵਾਲੇ ਬੈਂਚ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤਾ ਕਿ ਉਹ, ਪ੍ਰੀਖਿਆ ਇੱਕ ਸ਼ਿਫਟ ਵਿੱਚ ਕਰਵਾਉਣ ਦੇ ਪ੍ਰਬੰਧ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਪੂਰੀ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਬਣਾਈ ਰੱਖੀ ਜਾਵੇ।

---------------------------------------------------------

ਦੇਸ਼ ਦੇ ਫੌਜੀ ਇਤਿਹਾਸ ਦੇ ਇੱਕ ਮਹੱਤਵਪੂਰਨ ਪਲ ਵਿੱਚ, ਪੁਣੇ ਸਥਿਤ ਰਾਸ਼ਟਰੀ ਰੱਖਿਆ ਅਕਾਦਮੀ NDA) ਦੀ, ਅੱਜ ਸਵੇਰੇ ਪ੍ਰਸਿੱਧ ਖੇਤਰਪਾਲ ਮੈਦਾਨ ਵਿੱਚ ਹੋਈ 148ਵੇਂ ਕੋਰਸ ਦੀ ਪਾਸਿੰਗ ਆਊਟ ਪਰੇਡ ਵਿੱਚ ਭਾਰਤੀ ਹਥਿਆਰਬੰਦ ਫੌਜਾਂ'ਚ ਮਹਿਲਾ ਕੈਡਿਟਾਂ ਦੇ

ਪਹਿਲੇ ਬੈਚ ਦੀ ਕਮਿਸ਼ਨਿੰਗ ਹੋਈ। ਇਹ ਪਰੇਡ ਨਾ ਸਿਰਫ਼ ਆਪਣੀ ਰਵਾਇਤੀ ਫੌਜੀ ਸ਼ਾਨ ਲਈ ਸਗੋਂ ਮਹਿਲਾ ਕੈਡਿਟਾਂ ਦੀ ਟੁਕੜੀ ਦੀ ਮੌਜੂਦਗੀ ਲਈ ਇਤਿਹਾਸਕ ਸੀ, ਜੋ ਕਿ ਐਨ.ਡੀ.ਏ ਦੇ ਸ਼ਾਨਦਾਰ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਸੀ।

*ਪੇਸ਼ ਏ ਇਕ ਰਿਪੋਰਟ :RNU300525 ਇਸ ਮੌਕੇ, ਮਿਜ਼ੋਰਮ ਦੇ ਰਾਜਪਾਲ ਅਤੇ ਸਾਬਕਾ ਫੌਜ ਮੁਖੀ, ਜਨਰਲ ਵੀ.ਕੇ. ਸਿੰਘ (ਸੇਵਾਮੁਕਤ) ਅਤੇ NDA ਕਮਾਂਡੈਂਟ ਵਾਈਸ ਐਡਮਿਰਲ ਅਜੇ ਕੋਛੜ ਮੌਜੂਦ ਸਨ। ਆਪਣੇ ਸੰਬੋਧਨ ਵਿੱਚ, ਜਨਰਲ ਸਿੰਘ ਨੇ ਇਸ ਸਮਾਗਮ ਨੂੰ ਦੇਸ਼ ਲਈ ਬੇਹਦ ਮਾਣ ਵਾਲੀ ਗੱਲ ਦੱਸਿਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਐਨਡੀਏ ਸਿਰਫ਼ ਇੱਕ ਅਜਿਹੀ ਫੌਜੀ ਸੰਸਥਾ ਏ, ਜੋ ਇੱਕ ਕਠੋਰ ਸਿਖਲਾਈ ਦੇ ਬਾਅਦ ਇੱਕ ਆਮ ਨਾਗਰਿਕਾਂ ਨੂੰ, ਇੱਕ ਜ਼ਿੰਮੇਵਾਰ ਅਤੇ ਸਮਰੱਥ ਅਫਸਰ ਬਣਾਉਂਦੀ ਏ। ਉਨ੍ਹਾਂ ਕਿਹਾ ਕਿ ਮਹਿਲਾ ਕੈਡਿਟਾਂ ਦੀ ਸ਼ਮੂਲੀਅਤ ਸਾਡੀਆਂ ਫੌਜਾਂ ਵਿੱਚ ਆਧੁਨਿਕੀਕਰਨ ਅਤੇ ਲਿੰਗਕ ਸਮਾਵੇਸ਼, ਦੋਹਾਂ ਵੱਲ ਇੱਕ ਮਹੱਤਵਪੂਰਨ ਕਦਮ ਏ। ਮਹਿਲਾ ਕੈਡਿਟਾਂ ਵਿੱਚੋਂ, ਸ਼ਰੂਤੀ ਦਕਸ਼ ਨੇ*

***<u>ਆਰਟਸ ਸਟ੍ਰੀਮ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਉਸਨੂੰ ਕਮਾਂਡੈਂਟ ਦੇ ਸਿਲਵਰ ਮੈਡਲ ਨਾਲ ਸਨਮਾਨਿਤ ਕੀਤਾ ਗਿਆ। ਸਤੋਂ ਇਲਾਵਾ, ਰਾਸ਼ਟਰਪਤੀ ਦਾ ਸੋਨੇ ਦਾ ਤਮਗਾ ਕੈਡੇਟ ਪ੍ਰਿੰਸ ਰਾਜ ਨੂੰ ਦਿੱਤਾ ਗਿਆ। ਕੈਡੇਟ ਉਦੈਵੀਰ ਸਿੰਘ ਨੇਗੀ ਨੇ ਚਾਂਦੀ ਦਾ ਤਗਮਾ ਹਾਸਿਲ ਕੀਤਾ, ਜਦੋਂ ਕਿ ਕੈਡੇਟ ਤੇਜਸ ਭੱਟ ਨੇ ਕਾਂਸੀ ਦਾ ਤਗਮਾ ਪ੍ਰਾਪਤ ਕੀਤਾ। ਗੋਲਫ ਸਕੁਐਡਰਨ ਨੂੰ ਉੱਤਮਤਾ ਲਈ ਵੱਕਾਰੀ ਚੀਫ਼ ਆਫ਼ ਸਟਾਫ ਬੈਨਰ ਨਾਲ ਸਨਮਾਨਿਤ ਕੀਤਾ ਗਿਆ।</u>***

---------------------------------------------------------

ਸ੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਪਿੰਡ ਸਿੰਘੇਵਾਲਾ ਵਿੱਚ ਬੀਤੀ ਰਾਤ ਇੱਕ ਪਟਾਕਿਆਂ ਦੀ ਫੈਕਟਰੀ ਵਿੱਚ ਧਮਾਕਾ ਹੋਣ ਕਾਰਨ 5 ਵਿਅਕਤੀਆਂ ਦੀ ਮੌਤ ਹੋ ਗਈ ਜਦਕਿ 34 ਲੋਕ ਜ਼ਖਮੀ ਹੋਏ ਨੇ । ਜ਼ਖਮੀਆਂ ਵਿਚੋਂ ਕੁਝ ਨੂੰ ਹਸਪਤਾਲ ਤੋਂ ਛੁੱਟੀ ਦਿਤੀ ਗਈ ਏ । ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਨੇ ਦੱਸਿਆ ਏ ਕਿ ਪਿੰਡ ਸਿੰਘੇਵਾਲਾ ਸਥਿਤ ਇਸ ਫੈਕਟਰੀ ਨੂੰ ਪ੍ਰਸ਼ਾਸਨ ਵੱਲੋਂ ਕੋਈ ਪ੍ਰਵਾਨਗੀ ਜਾਰੀ ਨਹੀਂ ਕੀਤੀ ਗਈ ਸੀ । ਉਨਾਂ ਕਿਹਾ ਕਿ ਪ੍ਰਸ਼ਾਸਨ ਦੀ ਪਹਿਲ ਜਖਮੀਆਂ ਦੀ

ਸੰਭਾਲ ਅਤੇ ਉਨ੍ਹਾਂ ਨੂੰ ਬਿਹਤਰ ਇਲਾਜ ਮੁਹੱਈਆ ਕਰਵਾਉਣਾ ਏ । ਉਨ੍ਹਾਂ ਕਿਹਾ ਕਿ ਜਾਂਚ ਤੋਂ ਬਾਅਦ ਮੁਲਜ਼ਮਾਂ ਖਿਲਾਫ ਕਾਨੂੰਨ ਅਨੁਸਾਰ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਵੱਲੋਂ ਸਿੰਘੇਵਾਲਾ ਫੈਕਟਰੀ ‘ਚ ਧਮਾਕੇ ‘ਚ ਪੀੜਤਾਂ ਨੂੰ ਹਰ ਸੰਭਵ ਮਦਦ ਮੁਹੱਈਆ ਕਰਵਾਉਣ ਦਾ ਭਰੋਸਾ ਦਿੱਤਾ ਏ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਗੰਭੀਰ ਜ਼ਖਮੀਆਂ ਨੂੰ ਬਠਿੰਡਾ ਸਥਿਤ ਏਮਜ਼ ਅਤੇ ਹੋਰਨਾਂ ਨੂੰ ਸਿਵਲ ਹਸਪਤਾਲ ਬਾਦਲ ਵਿਖੇ ਇਲਾਜ ਲਈ ਦਾਖਲ ਕਰਵਾਇਆ ਗਿਆ ਏ । ਉਨ੍ਹਾਂ ਕਿਹਾ ਕਿ ਜ਼ਖਮੀਆਂ ਦਾ ਇਲਾਜ ਪੰਜਾਬ ਸਰਕਾਰ ਦੀ ਫਰਿਸ਼ਤੇ ਯੋਜਨਾ ਵਿੱਚੋਂ ਇਲਾਜ ਕਰਵਾਇਆ ਜਾਵੇਗਾ।

ਇਸੇ ਦੌਰਾਨ ਕੈਬਿਨਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਹਸਪਤਾਲ ਵਿਚ ਜਾਕੇ ਜ਼ਖਮੀਆਂ ਦਾ ਹਾਲ ਜਾਣਿਆ ਅਤੇ ਕਿਹਾ ਕਿ ਇਲਾਜ ਤੇ ਆਉਣ ਵਾਲਾ ਸਾਰਾ ਖਰਚ ਪੰਜਾਬ ਸਰਕਾਰ ਵੱਲੋਂ ਅੱਦਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ

ਨਹੀਂ ਜਾਵੇਗਾ ਅਤੇ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

------------------------------------------------------------

ਪੰਜਾਬ ਦੇ ਆਬਕਾਰੀ ਵਿਭਾਗ ਨੇ ਦਾਅਵਾ ਕੀਤਾ ਏ ਕਿ ਉਨ੍ਹਾਂ ਨੇ ਇੱਕ ਡਿਸਟਿਲਰੀ ਤੋਂ ਸ਼ਰਾਬ ਬਣਾਉਣ ਵਾਲੇ ਰਸਾਇਣ ਦੀ ਤਸਕਰੀ ਕਰਨ ਵਾਲੇ ਇੱਕ ਰੈਕੇਟ ਦਾ ਪਰਦਾਫਾਸ਼ ਕੀਤਾ ਏ, ਜੋ ਇਸਨੂੰ ਗੈਰ-ਕਾਨੂੰਨੀ ਸ਼ਰਾਬ ਜਾਂ ਸੈਨੇਟਾਈਜ਼ਰ ਬਣਾਉਣ ਲਈ ਅੱਗੇ ਵੇਚਦੇ ਨੇ। ਆਬਕਾਰੀ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬਠਿੰਡਾ ਵਿੱਚ ਦੋ ਟੈਂਕਰਾਂ ਤੋਂ ਲਗਭਗ 80 ਹਜ਼ਾਰ ਲੀਟਰ ਐਕਸਟਰਾ ਨਿਊਟਰਲ ਅਲਕੋਹਲ ਜ਼ਬਤ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਇਹ ਕੱਚਾ ਮਾਲ ਹਜ਼ਾਰਾਂ ਸ਼ਰਾਬ ਦੀਆਂ ਬੋਤਲਾਂ ਬਣਾਉਣ ਦੇ ਸਮਰੱਥ ਏ। ਆਬਕਾਰੀ ਵਿਭਾਗ ਦੁਆਰਾ GPS ਟਰੈਕਿੰਗ ਰਾਹੀਂ ਟੈਂਕਰ ਫੜੇ ਗਏ ਸਨ, ਜਿਸ ਨਾਲ ਟੈਂਕਰਾਂ ਨੂੰ ਫੜਨ ਵਿੱਚ ਕਾਮਯਾਬੀ ਮਿਲੀ।

**BYTE-**

ਉਨ੍ਹਾਂ ਕਿਹਾ ਕਿ ਇਹ ਆਬਕਾਰੀ ਵਿਭਾਗ ਵਲੋਂ ਮੁਲਜ਼ਮਾਂ ਨੂੰ ਰੰਗੇ ਹੱਥੀਂ ਫੜਨ ਲਈ ਇੱਕ ਯੋਜਨਾਬੱਧ ਕਾਰਵਾਈ ਸੀ।

---------------------------------------------------------------------

ਪੰਜਾਬ ਕੱਲ੍ਹ 31 ਮਈ ਨੂੰ "ਆਪ੍ਰੇਸ਼ਨ ਸ਼ੀਲਡ" ਤਹਿਤ ਮੌਕ ਡਰਿੱਲ ਕਰੇਗਾ । ਹੋਮ ਗਾਰਡਜ਼ ਦੇ ਵਿਸ਼ੇਸ਼ DGP ਅਤੇ ਸਿਵਲ ਡਿਫੈਂਸ ਦੇ ਡਾਇਰੈਕਟਰ ਸੰਜੀਵ ਕਾਲੜਾ ਨੇ ਇਸ ਸਬੰਧ ਵਿੱਚ ਹੁਕਮ ਜਾਰੀ ਕੀਤੇ ਨੇ । ਇਹ ਮੌਕ ਡਰਿੱਲ ਗ੍ਰਹਿ ਮੰਤਰਾਲੇ ਦੇ ਹੁਕਮਾਂ 'ਤੇ ਕਿਸੇ ਵੀ ਦੁਸ਼ਮਣ ਹਮਲੇ ਖਿਲਾਫ ਨਾਗਰਿਕ ਸੁਰੱਖਿਆ ਦੀ ਤਿਆਰੀ ਨੂੰ ਵਧਾਉਣ ਲਈ ਕੀਤੀ ਜਾ ਰਹੀ ਏ । ਸੂਬੇ ਭਰ ਵਿਚ ਮੌਕ ਡ੍ਰਿਲ ਨੂੰ ਨੂੰ ਲੈਕੇ, ਡਿਪਟੀ ਕਮਿਸ਼ਨਰਾਂ ਵਲੋਂ ਲੋਕਾਂ ਨੂੰ ਪ੍ਰਸ਼ਾਸਨ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ ਜਾ ਰਹੀ ਏ । । ਇਸ ਦੌਰਾਨ ਅੰਮ੍ਰਿਤਸਰ ਦੇ ਵਧੀਕ ਡਿਪਟੀ ਕਮਿਸ਼ਨਰ ਮੇਜਰ ਅਮਿਤ ਸਰੀਨ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ।

**BYTE:**

ਜ਼ਿਕਰਯੋਗ ਏ ਕਿ ਮੌਕ ਡ੍ਰਿਲ ਜੰਮੂ ਅਤੇ ਕਸ਼ਮੀਰ, ਹਰਿਆਣਾ, ਚੰਡੀਗੜ੍ਹ, ਰਾਜਸਥਾਨ ਅਤੇ ਗੁਜਰਾਤ ਵਿੱਚ ਵੀ ਹੋ ਰਹੀ ਏ ।

-------------------------------------------------------

ਮਾਲੀਆ ਖੁਫੀਆ ਡਾਇਰੈਕਟੋਰੇਟ (DRI) ਦੀ ਅੰਮ੍ਰਿਤਸਰ ਖੇਤਰੀ ਇਕਾਈ ਨੇ, ਕੱਲ੍ਹ ਅੰਮ੍ਰਿਤਸਰ ਅੰਤਰ-ਰਾਸ਼ਟਰੀ ਹਵਾਈ ਅੱਡੇ ਤੋਂ ਏਅਰ ਇੰਡੀਆ ਐਕਸਪ੍ਰੈਸ ਉਡਾਣ ਵਿੱਚ ਸਵਾਰ ਦੁਬਈ ਜਾਣ ਵਾਲੇ ਇੱਕ ਭਾਰਤੀ ਮੁਸਾਫ਼ਰ ਤੋਂ, 41 ਹਜ਼ਾਰ 400 ਅਮਰੀਕੀ ਡਾਲਰ ਦੀ ਵਿਦੇਸ਼ੀ ਕਰੰਸੀ ਜ਼ਬਤ ਕੀਤੀ ਏ ।

DRI ਸੂਤਰਾਂ ਨੇ ਦੱਸਿਆ ਕਿ ਇਹ ਮੁਸਾਫ਼ਰ ਇੱਕ ਬੈਗ ਵਿੱਚ 35 ਲੱਖ ਰੁਪਏ ਤੋਂ ਵੱਧ ਪੈਸੇ ਛੁਪਾ ਕੇ ਲੈ ਜਾ ਰਿਹਾ ਸੀ। ਇਹ ਕਰੰਸੀ ਬੇਹਿਸਾਬ ਅਤੇ ਆਰ.ਬੀ.ਆਈ. ਦੀ ਨਿਰਧਾਰਿਤ ਹੱਦ ਤੋਂ ਵੱਧ ਸੀ, ਇਸ ਲਈ ਇਸਨੂੰ ਕਸਟਮ ਐਕਟ 1962 ਦੇ ਸੰਬੰਧਿਤ ਉਪਬੰਧਾਂ ਤਹਿਤ ਜ਼ਬਤ ਕੀਤਾ ਗਿਆ ਸੀ।

ਸ਼ੁਰੂਆਤੀ ਜਾਂਚ ਤੋਂ ਪਤਾ ਲਗਿਆ ਏ ਕਿ ਮੁਲਜ਼ਮ ਨੂੰ ਵਿੱਤੀ ਲਾਭ

ਲਈ ਵਿਦੇਸ਼ੀ ਕਰੰਸੀ ਦੀ ਗੈਰ-ਕਾਨੂੰਨੀ ਤਸਕਰੀ ਵਿੱਚ ਸ਼ਾਮਲ ਪਾਇਆ ਗਿਆ ਸੀ। ਅਗਲੇਰੀ ਜਾਂਚ ਜਾਰੀ ਏ । ਇੱਕ ਮਹੀਨੇ ਦੇ ਅੰਦਰ ਡੀ.ਆਰ.ਆਈ. ਅੰਮ੍ਰਿਤਸਰ ਵਲੋਂ ਵਿਦੇਸ਼ੀ ਕਰੰਸੀ ਜ਼ਬਤ ਕਰਨ ਦਾ ਇਹ ਦੂਜਾ ਮਾਮਲਾ ਏ । ਇਸ ਤੋਂ ਪਹਿਲਾਂ, 3 ਮਈ ਨੂੰ, ਰੁਪਏ ਦੀ ਵਿਦੇਸ਼ੀ ਕਰੰਸੀ ਜ਼ਬਤ ਕੀਤੀ ਗਈ ਸੀ। 2 ਕਰੋੜ 66 ਲਖ ਰੁਪਏ ਜ਼ਬਤ ਕੀਤੇ ਗਏ ਅਤੇ ਲਿਜਾ ਰਹੇ ਵਿਅਕਤੀ ਨੂੰ ਅੰਮ੍ਰਿਤਸਰ ਹਵਾਈ ਅੱਡੇ ਤੋਂ ਹੀ ਗ੍ਰਿਫ਼ਤਾਰ ਕੀਤਾ ਗਿਆ ਸੀ ।

---------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।

ਅੰਮ੍ਰਿਤਸਰ ਸਥਿਤ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹਜ਼ੂਰੀ ਰਾਗੀ ਭਾਈ ਗੁਰਿੰਦਰਪਾਲ ਸਿੰਘ ਤੇ ਭਾਈ ਦਵਿੰਦਰ ਸਿੰਘ ਦੇ ਜਥੇ ਵੱਲੋਂ ਇਲਾਹੀ ਬਾਣੀ ਦਾ ਕੀਰਤਨ ਕੀਤਾ ਗਿਆ। ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਜੀਵਨ

ਇਤਿਹਾਸ ਤੋਂ ਪ੍ਰੇਰਨਾ ਲੈਣ ਦੀ ਅਪੀਲ ਕਰਦਿਆਂ ਬਾਣੀ ਅਤੇ ਬਾਣੇ ਨਾਲ ਜੁੜਨ ਲਈ ਪ੍ਰੇਰਿਆ। ਸੰਗਤਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਸਮੇਤ ਵੱਖ-ਵੱਖ ਗੁਰਧਾਮਾਂ ਤੇ ਸ਼ਰਧਾ ਨਾਲ ਹਾਜ਼ਰੀ ਭਰੀ। ਇਸੇ ਮੌਕੇ ਵਿਸ਼ੇਸ ਤੌਰ 'ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਗਈਆਂ।

---------------------------------------------------------------

ਪੰਜਾਬ ਵਿਧਾਨ ਸਭਾ ਦੀ ਲੁਧਿਆਣਾ ਪੱਛਮੀ ਸੀਟ ਲਈ ਨਾਮਜ਼ਦਗੀਆਂ ਦੇ 5ਵੇਂ ਦਿਨ 3 ਨਾਮਜ਼ਦਗੀ ਪੱਤਰ ਦਾਖਲ ਹੋਏ ਨੇ। ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਅੱਜ ਆਮ ਆਦਮੀ ਪਾਰਟੀ ਤੋਂ ਉਮੀਦਵਾਰ ਸੰਜੀਵ ਅਰੋੜਾ ਅਤੇ ਕਾਵਿਆ ਅਰੋੜਾ (ਕਵਰਿੰਗ ਉਮੀਦਵਾਰ) ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ ਕੀਤਾ ਗਿਆ। ਇਸ ਤੋਂ ਇਲਾਵਾ ਇੱਕ ਆਜ਼ਾਦ ਉਮੀਦਵਾਰ ਚੰਦਨ ਵੱਲੋਂ ਨਾਮਜ਼ਦਗੀ ਭਰੀ ਗਈ ਏ। ਉਨ੍ਹਾਂ ਦੱਸਿਆ ਕਿ ਹੁਣ ਤੱਕ ਕੁੱਲ 8 ਨਾਮਜ਼ਦਗੀ ਪੱਤਰ ਦਾਖ਼ਲ ਹੋ ਚੁੱਕੇ ਨੇ। ਜ਼ਿਕਰਯੋਗ ਏ ਕਿ ਭਲਕੇ 31 ਮਈ ਨੂੰ ਵੀ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਜਾ ਸਕਦੇ ਨੇ , ਜਦਕਿ

ਨਾਮਜ਼ਦਗੀਆਂ ਭਰਨ ਦੀ ਆਖਰੀ ਤਰੀਕ  2 ਜੂਨ ਏ । ਉੱਥੇ ਹੀ ਨਾਮਜ਼ਦਗੀ ਪੱਤਰਾਂ ਦੀ ਪੜਤਾਲ 3 ਜੂਨ ਨੂੰ ਕੀਤੀ ਜਾਵੇਗੀ।

---------------------------------------------------------

ਪੰਜਾਬ ਆਬਕਾਰੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਲੁਧਿਆਣਾ ਪੱਛਮੀ ਵਿਧਾਨ ਸਭਾ ਹਲਕੇ ਅਤੇ ਇਸਦੇ ਨਾਲ ਲੱਗਦੇ 3 ਕਿਲੋਮੀਟਰ ਖੇਤਰ ਵਿੱਚ 17 ਜੂਨ ਸ਼ਾਮ 6 ਵਜੇ ਤੋਂ 19 ਜੂਨ  ਸ਼ਾਮ 6 ਵਜੇ ਅਤੇ 23 ਜੂਨ ਸੋਮਵਾਰ ਨੂੰ ਵੋਟਾਂ ਦੀ ਗਿਣਤੀ ਦੌਰਾਨ "ਡਰਾਈ ਡੇਅ" ਐਲਾਨਿਆ ਏ  । ਸ੍ਰੀ ਜੋਰਵਾਲ ਨੇ ਇਹਨਾਂ ਹੁਕਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਨੂੰ ਯਕੀਨੀ ਬਣਾਉਣ, ਨਿਰਧਾਰਤ ਸਮੇਂ ਦੌਰਾਨ ਨਿਰਧਾਰਤ ਖੇਤਰਾਂ ਵਿੱਚ ਸ਼ਰਾਬ ਪੀਣ ਵਾਲੇ ਪਦਾਰਥਾਂ ਦੀ ਵਿਕਰੀ, ਅਤੇ ਵੰਡ 'ਤੇ ਪਾਬੰਦੀ ਲਗਾਈ ਏ ।  ਸਾਰੇ ਸਬੰਧਤ ਅਧਿਕਾਰੀਆਂ ਅਤੇ ਅਦਾਰਿਆਂ ਨੂੰ ਇਨ੍ਹਾਂ ਪਾਬੰਦੀਆਂ ਨੂੰ ਸਖ਼ਤੀ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਜਾਂਦੇ ਨੇ । ਲੁਧਿਆਣਾ ਪੱਛਮੀ ਉਪ ਜ਼ਿਮਨੀ ਲਈ ਵੋਟਿੰਗ 19 ਜੂਨ ਨੂੰ ਹੋਵੇਗੀ ਅਤੇ ਵੋਟਾਂ ਦੀ ਗਿਣਤੀ 23 ਜੂਨ ਨੂੰ ਹੋਵੇਗੀ।

---

ਅੱਜ ਕੌਮਾਂਤਰੀ ਆਲੂ ਦਿਵਸ ਮਨਾਇਆ ਜਾ ਰਿਹਾ ਏ। ਇਸ ਸਾਲ ਦਾ ਵਿਸ਼ਾ 'ਇਤਿਹਾਸ ਨੂੰ ਆਕਾਰ ਦੇਣਾ, ਭਵਿੱਖ ਦਾ ਪਾਲਣ ਪੋਸ਼ਣ ਕਰਨਾ ਰੱਖਿਆ ਗਿਆ ਏ। ਇਹ ਵਿਸ਼ਾ ਆਲੂਆਂ ਦੀ ਇਤਿਹਾਸਕ ਅਤੇ ਸੱਭਿਆਚਾਰਕ ਮਹੱਤਤਾ ਅਤੇ ਅੱਜ ਦੇ ਵਿਸ਼ਵ ਖੇਤੀਬਾੜੀ ਭੋਜਨ ਪ੍ਰਣਾਲੀਆਂ ਵਿੱਚ ਇਸਦੀ ਵਧ ਰਹੀ ਭੂਮਿਕਾ ਨੂੰ ਦਰਸਾਉਂਦਾ ਏ। ਭਾਰਤ ਦੁਨੀਆ ਵਿੱਚ ਆਲੂ ਦਾ ਦੂਜਾ ਸਭ ਤੋਂ ਵੱਡਾ ਉਤਪਾਦਕ ਏ ਜੋ ਵਿਸ਼ਵ ਪੱਧਰ 'ਤੇ ਉਗਾਏ ਜਾਣ ਵਾਲੇ ਆਲੂਆਂ ਦਾ ਇੱਕ ਵੱਡਾ ਹਿੱਸਾ ਪੈਦਾ ਕਰਦਾ ਏ। ਇਸਨੂੰ ਭਾਰਤੀ ਭੋਜਨ ਅਤੇ ਖੇਤੀਬਾੜੀ ਵਿੱਚ ਬਹੁਤ ਮਹੱਤਵਪੂਰਨ ਮੰਨਿਆ ਜਾਂਦਾ ਏ।

---

ਪੰਜਾਬ ਸਰਕਾਰ ਦੀ ਪਹਿਲਕਦਮੀ ‘ਇਕ ਦਿਨ ਡਿਪਟੀ ਕਮਿਸ਼ਨਰ ਦੇ ਸੰਗ’ ਤਹਿਤ ਮਾਲੇਰਕੋਟਲਾ ਜ਼ਿਲ੍ਹੇ ਦੀਆਂ ਹੋਣਹਾਰ ਵਿਦਿਆਰਥਣਾਂ ਨੇ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਦੇ ਨਾਲ ਇੱਕ ਦਿਨ ਬਿਤਾਇਆ। ਡਿਪਟੀ ਕਮਿਸ਼ਨਰ ਨੇ ਵਿਦਿਆਰਥਣਾਂ ਨਾਲ ਸੁਹਿਰਦ

ਪੂਰਨ ਗੱਲਬਾਤ ਕੀਤੀ । ਵਿਦਿਆਰਥਣਾਂ ਨੇ ਆਪਣੇ ਅਕਾਦਮਿਕ ਤਜਰਬਿਆਂ, ਦਿਲਚਸਪੀ , ਅਤੇ ਪੜ੍ਹਾਈ ਦੌਰਾਨ ਆਉਣ ਵਾਲੇ ਤਣਾਅ ਨੂੰ ਘੱਟ ਕਰਨ ਦੇ ਤਰੀਕਿਆਂ ਬਾਰੇ ਗੱਲਬਾਤ ਕੀਤੀ। ਡਿਪਟੀ ਕਮਿਸ਼ਨਰ ਨੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕਰਦਿਆਂ ਆਪਣਾ ਪ੍ਰਸ਼ਾਸਨਿਕ ਤਜਰਬਾ ਸਾਂਝਾ ਕੀਤਾ । ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਦਾ ਮਕਸਦ ਹੋਣਹਾਰ ਬੱਚਿਆਂ ਦੇ ਸੁਪਨਿਆਂ ਨੂੰ ਹਕੀਕਤ ਵਿੱਚ ਤਬਦੀਲ ਕਰਨ ਲਈ ਅਗਵਾਈ ਦੇਣਾ ਏ । ਵਿਦਿਆਰਥਣਾਂ ਨੇ ਦਿਨ ਭਰ ਚੱਲਣ ਵਾਲੀਆਂ ਮੀਟਿੰਗਾਂ, ਫਾਇਲ ਨਿਪਟਾਰਾ, ਲੋਕ ਮੁੱਦਿਆਂ, ਨਿਤੀ-ਨਿਰਧਾਰਣ, ਦੀ ਕਾਰਜਪ੍ਰਣਾਲੀ ਦਾ ਨੇੜੀਓ ਤਜਰਬਾ ਕੀਤਾ ।

ADD

ਓਧਰ ਜ਼ਿਲਾ ਗੁਰਦਸਪੁਰ ਵਿਚ ਵੀ ਦਸਵੀਂ ਤੇ ਬਾਰ੍ਹਵੀਂ ਕਲਾਸ ਦੇ ਟੌਪਰ ਵਿਦਿਆਰਥੀ ਨੇ ਡਿਪਟੀ ਕਮਿਸ਼ਨਰ ਦਲਵਿੰਦਰ ਜੀਤ ਸਿੰਘ, ਅਤੇ ਐੱਸ.ਐੱਸ.ਪੀ. ਆਦਿੱਤਯ ਨਾਲ ਆਪਣਾ ਪ੍ਰੇਰਣਾਦਾਇਕ ਸਮਾਂ ਬਿਤਾਇਆ। ਉਨ੍ਹਾਂ ਨੂੰ ਪ੍ਰਸ਼ਾਸਨਿਕ ਤਜਰਬਾ , ਲੀਡਰਸ਼ਿਪ ਅਤੇ ਲੋਕ ਸੇਵਾ ਦੀਆਂ ਜ਼ਮੀਨੀ ਹਕੀਕਤਾਂ ਤੋਂ ਜਾਣੂ ਕਰਵਾਇਆ ਗਿਆ ।

---

ਮੌਸਮ ਵਿਭਾਗ ਨੇ ਅਗਲੇ ਸੱਤ ਦਿਨਾਂ ਦੌਰਾਨ ਦੇਸ਼ ਦੇ ਉੱਤਰ-ਪੂਰਬੀ ਹਿੱਸਿਆਂ ਵਿੱਚ ਹਲਕੀ ਤੋਂ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ । ਵਿਭਾਗ ਦੇ ਅਨੁਸਾਰ, ਪੰਜਾਬ, ਹਰਿਆਣਾ, ਚੰਡੀਗੜ੍ਹ ਹਿਮਾਚਲ ਪ੍ਰਦੇਸ਼, ਉਤਰਾਖੰਡ ਅਤੇ ਦਿੱਲੀ ਵਿੱਚ 3 ਜੂਨ ਤੱਕ ਇਸੇ ਤਰ੍ਹਾਂ ਦੇ ਹਾਲਾਤ ਬਣੇ ਰਹਿਣ ਦੀ ਸੰਭਾਵਨਾ ਏ ।

---

ਅੱਜ ਆਈ.ਪੀ.ਐਲ ਕ੍ਰਿਕਟ ਦੇ ਐਲੀਮੀਨੇਟਰ ਮੈਚ ਵਿੱਚ ਮੁੰਬਈ ਇੰਡੀਅਨਜ਼ ਦਾ ਸਾਹਮਣਾ ਗੁਜਰਾਤ ਟਾਈਟਨਸ ਨਾਲ ਹੋਵੇਗਾ। ਐਲੀਮੀਨੇਟਰ ਦੀ ਜੇਤੂ ਟੀਮ ਪਹਿਲੀ ਜੂਨ ਨੂੰ ਦੂਜੇ ਕੁਆਲੀਫਾਇਰ ਵਿੱਚ ਪੰਜਾਬ ਕਿੰਗਜ਼ ਨਾਲ ਖੇਡੇਗੀ। NSD

---

- ਸਰਵਉੱਚ ਅਦਾਲਤ ਨੇ NEET - PG 2025 ਦੀ ਪ੍ਰੀਖਿਆ ਇੱਕੋ ਸ਼ਿਫਟ ਵਿੱਚ ਕਰਵਾਉਣ ਦੇ ਦਿੱਤੇ ਨਿਰਦੇਸ਼ ।

- 17 ਮਹਿਲਾ ਕੈਡਿਟਾਂ ਦੇ ਪਹਿਲੇ ਬੈਚ ਨੇ ਅੱਜ ਰਾਸ਼ਟਰੀ ਰੱਖਿਆ ਅਕਾਦਮੀ ਤੋਂ ਕਮਿਸ਼ਨ ਹਾਸਿਲ ਕਰਕੇ ਰਚਿਆ ਇਤਿਹਾਸ।
- ਸ੍ਰੀ ਮੁਕਤਸਰ ਸਾਹਿਬ ਵਿੱਚ ਬੀਤੀ ਰਾਤ ਇੱਕ ਪਟਾਕਿਆਂ ਦੀ ਫੈਕਟਰੀ ਵਿੱਚ ਧਮਾਕਾ ਹੋਣ ਕਾਰਨ 5 ਵਿਅਕਤੀਆਂ ਦੀ ਮੌਤ, 34 ਜ਼ਖਮੀ - ਕੁਝ ਨੂੰ ਹਸਪਤਾਲ ਤੋਂ ਮਿਲੀ ਛੁੱਟੀ।
- ਪੰਜਾਬ ਵਿਚ "ਆਪ੍ਰੇਸ਼ਨ ਸ਼ੀਲਡ" ਤਹਿਤ ਮੌਕ ਡਰਿੱਲ ਭਲਕੇ ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 5ਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਭਾਵ ਨਾਲ ਮਨਾਇਆ ਗਿਆ।
- IPL ਕ੍ਰਿਕਟ 'ਚ ਅੱਜ, ਐਲੀਮੀਨੇਟਰ ਮੈਚ ਵਿੱਚ, ਗੁਜਰਾਤ ਟਾਈਟਨਸ ਦਾ ਮੁਕਾਬਲਾ ਮੁੰਬਈ ਇੰਡੀਅਨਜ਼ ਨਾਲ ਹੋਵੇਗਾ।

**<u>ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ</u>**

**<u>ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ</u>**

**<u>ਨਮਸਕਾਰ!</u>**